# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :26-07-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਕਸਿਤ VIBRANT VILLEGE ਪ੍ਰੋਗਰਾਮ 2026 ‘ਨੂੰ ਸੰਬੋਧਨ ਕੀਤਾ.
- ਪ੍ਰਧਾਨ ਮੰਤਰੀ ਨੇ ਆਪਣੇ ਮੰਨ ਕੀ ਬਾਤ ਪ੍ਰੋਗ੍ਰਾਮ ‘ਚ ਕਿਹੈ ਏ ਕਿ ਭਾਰਤ ਰੱਖਿਆ ਬਰਾਮਦਾਂ, ਸਿਆਸੀ ਸਹਿਯੋਗ ਅਤੇ ਮਿੱਤਰ ਦੇਸ਼ਾਂ ਨਾਲ ਸਹਿਯੋਗ ਵਿੱਚ ਲਗਾਤਾਰ ਨਵੀਆਂ ਉਚਾਈਆਂ 'ਤੇ ਪਹੁੰਚ ਰਿਹਾ ਏ ।
- ਅੱਜ ਦੇਸ਼ ਭਰ ਵਿਚ ਕਾਰਗਿਲ ਵਿਜੈ ਦਿਵਸ ਮਨਾਇਆ ਜਾ ਰਿਹਾ ਏ.
- ਜਲੰਧਰ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਇੱਕ ਅਹਿਮ ਕਾਰਕੁੰਨ ਨੂੰ 1 ਕਿਲੋਗ੍ਰਾਮ ਤੋਂ ਵੱਧ ਉੱਚ-ਸ਼ਕਤੀਸ਼ਾਲੀ ਆਈ.ਈ.ਡੀ. ਸਮੇਤ ਗ੍ਰਿਫਤਾਰ ਕੀਤਾ ਏ ।
- ਭਾਰਤ ਦੀ ਅਨਾਹਤ ਸਿੰਘ ਨੇ ਵਿਸ਼ਵ ਸਕੁਐਸ਼ ਜੂਨੀਅਰ ਚੈਂਪੀਅਨਸ਼ਿਪ ਜਿੱਤ ਕੇ ਇਤਿਹਾਸ ਰਚਿਆ ਏ ।

--------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਰੱਖਿਆ ਬਰਾਮਦਾਂ, ਸਿਆਸੀ ਸਹਿਯੋਗ ਅਤੇ ਮਿੱਤਰ ਦੇਸ਼ਾਂ ਨਾਲ ਸਹਿਯੋਗ ਵਿੱਚ ਲਗਾਤਾਰ ਨਵੀਆਂ ਉਚਾਈਆਂ 'ਤੇ ਪਹੁੰਚ ਰਿਹਾ ਏ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਕਾਰਗਿਲ ਵਿਜੈ ਦਿਵਸ ‘ਤੇ ਬਹਾਦਰ ਫੌਜੀਆਂ ਨੂੰ ਯਾਦ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਦਿਨ, ਦੇਸ਼ ਵਾਸੀਆਂ ਨੂੰ ਸਾਡੇ ਬਹਾਦਰ ਫੌਜੀਆਂ ਦੀ ਅਸਾਧਾਰਨ ਬਹਾਦਰੀ ਦੀ ਯਾਦ ਦਿਵਾਉਂਦਾ ਏ - byte – PM KARGIL VIJAY DIWAS – 29 sec

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਐਤਵਾਰ ਨੂੰ ਵਿਕਰਮ-1 ਦੇ ਸਫਲ ਲਾਂਚ ਨੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਇਆ ਏ। ਉਨ੍ਹਾਂ ਕਿਹਾ ਕਿ ਇਹ ਭਾਰਤ ਦਾ ਪਹਿਲਾ ਨਿੱਜੀ ਖੇਤਰ ਦਾ ਰਾਕੇਟ ਏ. ਕੈਚ ਦ ਰੇਨ ਮੁਹਿੰਮ ਬਾਰੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਵਿਸ਼ੇਸ਼ ਦੇਸ਼ ਵਿਆਪੀ ਮੁਹਿੰਮ 4 ਜੁਲਾਈ ਤੋਂ ਚਲਾਈ ਜਾ ਰਹੀ ਏ। byte – PM CATCH THE RAIN – 28 sec

ਰਾਸ਼ਟਰੀ ਹੱਥਖੱਡੀ ਦਿਵਸ 7 ਅਗਸਤ ਨੂੰ ਦੇਸ਼ ਭਰ ਵਿੱਚ ਮਨਾਇਆ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦਿਨ ਦੇਸ਼ ਦੇ ਬੁਣਕਰਾਂ ਦੇ ਹੁਨਰ ਅਤੇ ਸਿਰਜਣਾਤਮਕਤਾ ਲਈ ਸਤਿਕਾਰ ਦਾ ਪ੍ਰਤੀਕ ਏ।

ਪ੍ਰਧਾਨ ਮੰਤਰੀ ਨੇ 15 ਅਗਸਤ ਨੂੰ ਮਨਾਏ ਜਾਣ ਵਾਲੇ ਸੁਤੰਤਰਤਾ ਦਿਵਸ ਬਾਰੇ ਗੱਲ ਕੀਤੀ- byte – PM ON TIRANGA – 27 sec

ਸ਼੍ਰੀ ਮੋਦੀ ਨੇ ਹਮੇਸ਼ਾ ਵਾਂਗ, ਸਾਰਿਆਂ ਨੂੰ 15 ਅਗਸਤ ਤੋਂ ਪਹਿਲਾਂ MyGov ਪੋਰਟਲ 'ਤੇ ਆਪਣੇ ਵਿਚਾਰ ਅਤੇ ਸੁਝਾਅ ਸਾਂਝੇ ਕਰਨ ਦੀ ਅਪੀਲ ਕੀਤੀ।

---------------------------------------------------------------------

ਦੇਸ਼ ਅੱਜ ਕਾਰਗਿਲ ਵਿਜੈ ਦਿਵਸ ਮਨਾ ਰਿਹਾ ਏ। ਇਸ ਮੌਕੇ 'ਤੇ, 1999 'ਚ ਕਾਰਗਿਲ ਜੰਗ ਵਿੱਚ ਦੇਸ਼ ਲਈ ਸਰ੍ਬੁਚ ਕੁਰਬਾਨੀ ਦੇਣ ਵਾਲੇ ਫੌਜੀਆਂ ਨੂੰ ਸ਼ਰਧਾਂਜਲੀ ਦਿੱਤੀ ਜਾ ਰਹੀ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਤ ਭੂਮੀ ਦੀ ਰੱਖਿਆ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਚੰਡੀਗੜ੍ਹ ਦੀ ਜੰਗੀ ਯਾਦਗਾਰ ਵਿਖੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਟ ਕੀਤੀ। ਭਾਰਤੀ ਹਥਿਆਰਬੰਦ ਫੌਜਾਂ ਦੀ ਬਹਾਦਰੀ ਨੂੰ ਸਲਾਮ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹੀਦ ਸਿਰਫ਼ ਇੱਕ ਪਰਿਵਾਰ ਦੇ ਪਰਿਵਾਰਕ ਮੈਂਬਰ ਨਹੀਂ, ਸਗੋਂ ਉਹ ਹਰੇਕ ਭਾਰਤੀ ਦੇ ਪਰਿਵਾਰ ਦਾ ਹਿੱਸਾ ਨੇ. ਮੁਖ ਮੰਤਰੀ ਨੇ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਦਾ ਵੀ ਸਨਮਾਨ

ਕੀਤਾ ਜਿਨ੍ਹਾਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਿਆਂ ਕਾਰਗਿਲ ਜੰਗ ਦੌਰਾਨ ਆਪਣੀ ਸਰ੍ਬੁਚ ਕੁਰਬਾਨੀ ਦਿੱਤੀ। ਅੱਜ ਜਲੰਧਰ ‘ਚ ਵਜ੍ਰ ਕੋਰ ਨੇ ਕਾਰਗਿਲ ਵਿਜੈ ਦਿਵਸ ਦੀ 27ਵੀਂ ਵਰ੍ਹੇਗੰਢ ਸਤਿਕਾਰ ਅਤੇ ਫੌਜੀ ਰਵਾਇਤਾਂ ਨਾਲ ਮਨਾਈ। ਇਹ ਸਮਾਗਮ ਵਜ੍ਰ ਸ਼ੌਰਿਆ ਸਥਲ ਵਿਖੇ ਇੱਕ ਸਮਾਰੋਹ ਨਾਲ ਸਮਾਪਤ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਾਬਕਾ ਅਤੇ ਸੇਵਾ ਵਿਚਲੇ ਫੌਜੀ ਵੀ ਸ਼ਾਮਲ ਸਨ। ਵਜ੍ਰ ਕੋਰ ਦੇ ਜਨਰਲ ਅਫਸਰ ਕਮਾਂਡਿੰਗ (ਜੀਓਸੀ) ਅਤੇ ਮੌਜੂਦ ਸਾਰਿਆਂ ਨੇ ਸ਼ਹੀਦਾਂ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਟ ਕੀਤੀ. ਆਪਰੇਸ਼ਨ Kargil ਦੇ ਨਾਇਕਾਂ ਨੂੰ ਇੱਕ ਢੁਕਵੀਂ ਸ਼ਰਧਾਂਜਲੀ ਵਜੋਂ, ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ (NSNIS), ਪਟਿਆਲਾ ਨੇ ਕਾਰਗਿਲ ਵਿਜੈ ਦਿਵਸ 'ਤੇ "ਸੰਡੇਜ਼ ਆਨ ਸਾਈਕਲ" ਪਹਿਲਕਦਮੀ ਦਾ ਇੱਕ ਵਿਸ਼ੇਸ਼ ਐਡੀਸ਼ਨ ਕਰਾਇਆ. ਇਸ ਪ੍ਰੋਗਰਾਮ ਦਾ ਉਦੇਸ਼ ਫੌਜੀ-ਨਾਗਰਿਕ ਸਬੰਧਾਂ ਨੂੰ ਮਜ਼ਬੂਤ ਕਰਦੇ ਹੋਏ ਸਰੀਰਕ ਤੰਦਰੁਸਤੀ, ਦੇਸ਼ ਭਗਤੀ ਅਤੇ ਚੁਗਿਰਦੇ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ ।

--------------------------------------------------------------------------------

ਸਰਹੱਦ ਪਾਰ ਦਹਿਸ਼ਤਗਰਦ ਨੈੱਟਵਰਕਾਂ ਵਿਰੁੱਧ ਇੱਕ ਵੱਡੀ ਸਫਲਤਾ ਵਿੱਚ, ਜਲੰਧਰ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਵਿਦੇਸ਼ੀ ਹੈਂਡਲਰਾਂ ਵਲੋਂ ਚਲਾਏ ਜਾ ਰਹੇ ISI-ਦੀ ਹਮਾਇਤ ਪ੍ਰਾਪਤ ਬੱਬਰ

ਖਾਲਸਾ ਇੰਟਰਨੈਸ਼ਨਲ ਦਹਿਸ਼ਤਗਰਦ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ਅਤੇ ਜਲੰਧਰ ਤੋਂ ਇੱਕ ਮੁੱਖ ਸੰਚਾਲਕ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਨੇ ਪਿੰਡ ਧੰਦੌਰ ਵਿਖੇ ਨਾਕਾ ਲਾਇਆ ਅਤੇ ਸ਼ੱਕੀ ਸਤਬੀਰ ਸਿੰਘ ਦੇ ਮੋਟਰਸਾਈਕਲ ਨੂੰ ਰੋਕਿਆ ਜਿਸ ਤੋਂ IED ਵਾਲਾ ਇੱਕ ਬੈਗ ਬਰਾਮਦ ਕੀਤਾ ਗਿਆ ਸੀ। ਪੁਲਿਸ ਹਲਕਿਆਂ ਮੁਤਾਬਿਕ, 1.3 ਕਿਲੋਗ੍ਰਾਮ ਉੱਚ ਵਿਸਫੋਟਕ ਨਾਲ ਭਰਿਆ ਇਮਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (IED), ਜੋ ਜਨਤਕ ਸ਼ਾਂਤੀ ਨੂੰ ਭੰਗ ਕਰਨ ਦੇ ਉਦੇਸ਼ ਨਾਲ ਇੱਕ ਉੱਚ-ਪ੍ਰਭਾਵ ਵਾਲੇ ਹਮਲੇ ਦੀ ਤਿਆਰੀ ਦਾ ਸੰਕੇਤ ਦਿੰਦਾ ਏ। ਪੁਲਿਸ ਦਾ ਕਹਿਣਾ ਏ ਕਿ ਤੇਜ਼ ਅਤੇ ਸਮੇਂ ਸਿਰ ਕਾਰਵਾਈ ਨੇ ਇੱਕ ਵੱਡੇ ਦਹਿਸ਼ਤਗਰਦ ਖ਼ਤਰੇ ਨੂੰ ਸਫਲਤਾ ਨਾਲ ਟਾਲ ਦਿੱਤਾ ਅਤੇ ਮਾਸੂਮ ਜਾਨਾਂ ਦੀ ਰਾਖੀ ਕੀਤੀ ਏ. ਜਾਂਚ ਜਾਰੀ ਏ।

-------------------------------------------------------------------

ਪੰਜਾਬ ਸਰਕਾਰ ਨੇ ਮਾਲੀ ਸਾਲ 2026-27 ਦੌਰਾਨ 'ਅਸ਼ੀਰਵਾਦ ਸਕੀਮ' ਤਹਿਤ ਪੱਟੀਦਰਜ ਜਾਤਾਂ ਦੇ 5 ਹਜ਼ਾਰ 492 ਲਾਭਪਾਤਰੀਆਂ ਲਈ, 28.01 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ 19 ਜ਼ਿਲ੍ਹਿਆਂ ਦੇ ਯੋਗ ਲਾਭਪਾਤਰੀਆਂ ਲਈ, ਇਹ ਮਾਲੀ ਸਹਾਇਤਾ

ਪ੍ਰਵਾਨ ਕੀਤੀ ਗਈ ਏ ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਆਪਣੀਆਂ ਧੀਆਂ ਦੇ ਵਿਆਹ ਦੇ ਖਰਚੇ, ਪੂਰੇ ਸਤਿਕਾਰ ਅਤੇ ਆਤਮ-ਵਿਸ਼ਵਾਸ ਨਾਲ ਕਰ ਸਕਣ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੂਰੀ ਪਾਰਦਰਸ਼ਤਾ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਲਈ, ਇਹ ਰਕਮ ਸਿੱਧੇ ਲਾਭ ਤਬਾਦਲੇ, D.B.T. ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਏ। ਉਨ੍ਹਾਂ ਦੁਹਰਾਇਆ ਕਿ ਸੂਬਾ ਸਰਕਾਰ, ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਪਹਿਲਕਦਮੀਆਂ ਰਾਹੀਂ ਪੱਟੀਦਰਜ ਜਾਤਾਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ, ਵਚਨਬੱਧ ਏ।

---------------------------------------------------------------

ਭਾਰਤ ਦੀ ਅਨਾਹਤ ਸਿੰਘ ਨੇ ਵਿਸ਼ਵ ਸਕੁਐਸ਼ ਜੂਨੀਅਰ ਚੈਂਪੀਅਨਸ਼ਿਪ ਜਿੱਤ ਕੇ ਇਤਿਹਾਸ ਰਚਿਆ ਏ । ਅਨਾਹਤ ਨੇ ਕੈਨੇਡਾ ਵਿੱਚ ਔਰਤਾਂ ਦੇ ਸਿੰਗਲਜ਼ ਫਾਈਨਲ ਵਿੱਚ ਮਿਸਰ ਦੀ ਰੁਕਇਆ ਸਲੇਮ ਨੂੰ ਹਰਾ ਕੇ ਖਿਤਾਬ ਜਿੱਤਿਆ। ਇਸ ਜਿੱਤ ਦੇ ਨਾਲ, ਅਨਾਹਤ ਜੂਨੀਅਰ ਵਿਸ਼ਵ ਖਿਤਾਬ ਜਿੱਤਣ ਵਾਲੀ ਪਹਿਲੀ ਭਾਰਤੀ ਸਕੁਐਸ਼ ਖਿਡਾਰਨ ਬਣ ਗਈ ਏ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਨਾਹਤ ਸਿੰਘ ਨੂੰ ਵਿਸ਼ਵ ਜੂਨੀਅਰ ਸਕੁਐਸ਼ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਣ 'ਤੇ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਇਸਨੂੰ ਇੱਕ ਇਤਿਹਾਸਕ ਪ੍ਰਾਪਤੀ ਦਸਦਿਆਂ ਕਿਹਾ ਕਿ, ਇਸ ਨਾਲ ਨੌਜਵਾਨਾਂ ਵਿੱਚ, ਸਕੁਐਸ਼ ਦੀ ਪ੍ਰਸਿੱਧੀ ਹੋਰ ਵਧੇਗੀ।

---

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਭਲਕੇ 27 ਜੁਲਾਈ ਤੱਕ ਮਾਨਸੂਨ ਦੀ ਕਮਜ਼ੋਰ ਸਥਿਤੀ ਜਾਰੀ ਰਹਿਣ ਦੀ ਸੰਭਾਵਨਾ ਜਤਾਈ ਏ। ਇਸ ਤੋਂ ਬਾਅਦ, 28 ਤੋਂ 30 ਜੁਲਾਈ ਤੱਕ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਵਿਆਪਕ ਬਾਰਿਸ਼ ਅਤੇ ਪੰਜਾਬ ਵਿੱਚ ਕਈ ਥਾਵਾਂ 'ਤੇ ਵਿਆਪਕ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ। ਇਸ ਦੌਰਾਨ, ਪੰਜਾਬ ਅਤੇ ਹਰਿਆਣਾ ਦੇ ਉੱਤਰੀ ਅਤੇ ਪੂਰਬੀ ਹਿੱਸਿਆਂ ਵਿੱਚ ਕੁਝ ਥਾਵਾਂ 'ਤੇ ਭਾਰੀ ਤੋਂ ਬੇਹੱਦ ਭਾਰੀ ਮੀਂਹ ਪੈਣ ਦੀ ਸੰਭਾਵਨਾ ਏ। ਮਾਨਸੂਨ ਦੇ ਮੱਦੇਨਜ਼ਰ, ਲੋੜੀਂਦੇ ਇਹਤਿਆਤੀ ਅਤੇ ਸੁਰੱਖਿਆ ਉਪਾਅ ਕਰਨ ਦੀ ਸਲਾਹ ਦਿੱਤੀ ਗਈ ਏ। ਇਸ ਦੌਰਾਨ, ਪਿਛਲੇ 24 ਘੰਟਿਆਂ ਵਿੱਚ, ਪੰਜਾਬ ਦੇ ਕਈ ਹਿੱਸਿਆਂ ਅਤੇ ਹਰਿਆਣਾ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦਰਜ ਕੀਤੀ ਗਈ ਏ।

ਏ ਸਨ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਕਸਿਤ VIBRANT VILLEGE ਪ੍ਰੋਗਰਾਮ 2026 ‘ਨੂੰ ਸੰਬੋਧਨ ਕੀਤਾ.
- ਪ੍ਰਧਾਨ ਮੰਤਰੀ ਨੇ ਆਪਣੇ ਮੰਨ ਕੀ ਬਾਤ ਪ੍ਰੋਗ੍ਰਾਮ ‘ਚ ਕਿਹੈ ਏ ਕਿ ਭਾਰਤ ਰੱਖਿਆ ਬਰਾਮਦਾਂ, ਸਿਆਸੀ ਸਹਿਯੋਗ ਅਤੇ ਮਿੱਤਰ ਦੇਸ਼ਾਂ ਨਾਲ ਸਹਿਯੋਗ ਵਿੱਚ ਲਗਾਤਾਰ ਨਵੀਆਂ ਉਚਾਈਆਂ 'ਤੇ ਪਹੁੰਚ ਰਿਹਾ ਏ ।
- ਅੱਜ ਦੇਸ਼ ਭਰ ਵਿਚ ਕਾਰਗਿਲ ਵਿਜੈ ਦਿਵਸ ਮਨਾਇਆ ਜਾ ਰਿਹਾ ਏ.
- ਜਲੰਧਰ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਇੱਕ ਅਹਿਮ ਕਾਰਕੁੰਨ ਨੂੰ 1 ਕਿਲੋਗ੍ਰਾਮ ਤੋਂ ਵੱਧ ਉੱਚ-ਸ਼ਕਤੀਸ਼ਾਲੀ ਆਈ.ਈ.ਡੀ. ਸਮੇਤ ਗ੍ਰਿਫਤਾਰ ਕੀਤਾ ਏ ।
- ਭਾਰਤ ਦੀ ਅਨਾਹਤ ਸਿੰਘ ਨੇ ਵਿਸ਼ਵ ਸਕੁਐਸ਼ ਜੂਨੀਅਰ ਚੈਂਪੀਅਨਸ਼ਿਪ ਜਿੱਤ ਕੇ ਇਤਿਹਾਸ ਰਚਿਆ ਏ ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਸ਼ਾਮ ਸਾਢੇ 7 ਵਜੇ ਹੋਏਗਾ

ਨਮਸ੍ਕਾਰ